ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

**ਸਿੰਚਾਈ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਨੇ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਵਸ ਸਮਾਰੋਹ 'ਤੇ ਕੌਮੀ ਝੰਡਾ ਲਹਿਰਾਇਆ**

- **ਮਹਾਨ ਸ਼ਹੀਦਾਂ ਦੀਆਂ ਅਦੁੱਤੀ ਅਤੇ ਲਾਮਿਸਾਲ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ-ਢਿੱਲੋਂ**
- **ਪੰਜਾਬ ਖੇਤੀ ਪ੍ਰਧਾਨ ਸੂਬਾ ਹੋਣ ਕਾਰਨ ਪੰਜਾਬ ਸਰਕਾਰ ਵੱਲੋ ਸਿੰਜਾਈ ਲਈ ਇੱਕ ਮਜ਼ਬੂਤ ਨੈਟਵਰਕ ਤਿਆਰ ਕੀਤਾ ਗਿਆ**
- **ਪਿਛਲੇ ਲੱਗਭੱਗ 9 ਸਾਲਾਂ ਦੌਰਾਨ 5,070 ਕਰੋੜ ਰੁਪਏ ਸਿੰਚਾਈ ਨੈਟਵਰਕ ਨੂੰ ਸੁਧਾਰਨ ਤੇ ਅਪਗ੍ਰੇਡ ਕਰਨ ਲਈ ਖਰਚ ਕੀਤੇ ਗਏ**
- **ਲਗਭੱਗ ਇੱਕ ਦਰਜਨ ਸੁਤੰਤਰਤਾ ਸੰਗਰਾਮੀ ਪ੍ਰੀਵਾਰਾਂ ਅਤੇ ਚੰਗੀ ਕਾਰਗੁਜ਼ਾਰੀ ਵਾਲੀਆਂ 39 ਸਖਸ਼ੀਅਤਾਂ ਸਨਮਾਨਿਤ**
- **ਜ਼ਿਲ੍ਹਾ ਪ੍ਰਸਾਸ਼ਨ ਵੱਲੋਂ 18 ਟਰਾਈ-ਸਾਈਕਲ ਤੇ 25 ਸਿਲਾਈ ਮਸ਼ੀਨਾਂ ਦੀ ਵੰਡ**
- **ਲਗਭੱਗ 1,500 ਬੱਚਿਆਂ ਵੱਲੋਂ ਆਜ਼ਾਦੀ ਦਿਵਸ ਸਮਾਗਮ 'ਚ ਕੀਤੀ ਸ਼ਿਰਕਤ**

ਮੋਗਾ 15 ਅਗਸਤ

ਪੰਜਾਬ ਖੇਤੀ ਪ੍ਰਧਾਨ ਸੂਬਾ ਹੋਣ ਕਾਰਨ ਪੰਜਾਬ ਸਰਕਾਰ ਵੱਲੋ ਸਿੰਜਾਈ ਲਈ ਇੱਕ ਮਜ਼ਬੂਤ ਨੈਟਵਰਕ ਤਿਆਰ ਕੀਤਾ ਗਿਆ ਹੈ ਅਤੇ ਪਿਛਲੇ ਲੱਗਭੱਗ 9 ਸਾਲਾਂ ਦੌਰਾਨ 5,070 ਕਰੋੜ ਰੁਪਏ ਸਿੰਚਾਈ ਨੈਟਵਰਕ ਨੂੰ ਸੁਧਾਰਨ ਤੇ ਅਪਗ੍ਰੇਡ ਕਰਨ ਲਈ ਖਰਚ ਕੀਤੇ ਗਏ ਹਨ।

ਇਹ ਪ੍ਰਗਟਾਵਾ ਸਿੰਚਾਈ ਮੰਤਰੀ ਪੰਜਾਬ ਸ. ਸ਼ਰਨਜੀਤ ਸਿੰਘ ਢਿੱਲੋਂ ਨੇ 70ਵੇਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਕੌਮੀ ਝੰਡਾ ਲਹਿਰਾਇਆ ਗਿਆ ਅਤੇ ਪਰੇਡ ਤੋਂ ਸਲਾਮੀ ਲਈ।

ਇਸ ਮੌਕੇ ਸ. ਢਿੱਲੋਂ ਨੇ ਆਜ਼ਾਦੀ ਦੇ 69 ਵਰ੍ਹੇ ਮੁਕੰਮਲ ਕਰ ਲੈਣ 'ਤੇ ਜ਼ਿਲ੍ਹਾ ਵਾਸੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਵੱਲੋਂ ਲਗਭੱਗ ਇੱਕ ਦਰਜਨ ਸੁਤੰਤਰਤਾ ਸੰਗਰਾਮੀ ਪ੍ਰੀਵਾਰਾਂ ਅਤੇ ਜ਼ਿਲ੍ਹੇ ਨਾਲ ਸਬੰਧਤ 39 ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ, ਜਿੰਨ੍ਹਾਂ 'ਚ ਮਿਹਨਤੀ ਕ੍ਰਮਚਾਰੀ, ਚੰਗਾ ਕੰਮ ਕਰਨ ਵਾਲੇ ਸਮਾਜ ਸੇਵਕ, ਕਲੱਬਾਂ/ਸੋਸਾਇਟੀਆਂ ਦੇ ਅਹੁਦੇਦਾਰ, ਗ੍ਰਾਮ ਪੰਚਾਇਤਾਂ ਤੇ ਹੋਣਹਾਰ ਵਿਦਿਆਰਥੀ ਸ਼ਾਮਲ ਸਨ। ਇਸ ਤੋਂ ਇਲਾਵਾ ਲੋੜਵੰਦ ਵਿਅਕਤੀਆਂ ਨੂੰ 18 ਟਰਾਈ-ਸਾਈਕਲ ਤੇ 25 ਸਿਲਾਈ ਮਸ਼ੀਨਾਂ ਦੀ ਵੰਡ ਵੀ ਕੀਤੀ ਗਈ।

ਸਿੰਚਾਈ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਦੇਸ਼ ਦੀ ਆਜ਼ਾਦੀ ਦੇ ਸੰਘਰਸ਼ 'ਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸਮੂਹ ਦੇਸ਼ ਭਗਤਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਜੰਗ-ਏ-ਅਜ਼ਾਦੀ ਵਿੱਚ ਸਾਡੇ ਮਹਾਨ ਸ਼ਹੀਦਾਂ ਦੇ ਬੇ-ਮਿਸਾਲ ਯੋਗਦਾਨ 'ਤੇ ਸਾਨੂੰ ਮਾਣ ਹੈ, ਕਿਉਂਕਿ ਉਨ੍ਹਾਂ ਦੀਆਂ ਅਦੁੱਤੀ ਅਤੇ ਲਾਮਿਸਾਲ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਗਦਰ ਲਹਿਰ, ਕੂਕਾ ਲਹਿਰ, ਗੁਰਦੁਆਰਾ ਸੁਧਾਰ ਲਹਿਰ, ਬਬਰ ਅਕਾਲੀ ਲਹਿਰ, ਪਗੜੀ ਸੰਭਾਲ ਲਹਿਰ, ਭਾਰਤ ਛੱਡੋ ਅੰਦੋਲਨ ਵਰਗੀਆਂ ਮਹਾਨ ਲਹਿਰਾਂ ਅਤੇ ਸ਼ਹੀਦ-ਏ-ਆਜ਼ਮ ਸ੍ਰ: ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ, ਸ੍ਰ: ਕਰਤਾਰ ਸਿੰਘ ਸਰਾਭਾ, ਸ਼ਹੀਦ ਮਦਨ ਲਾਲ ਢੀਂਗਰਾ, ਲਾਲਾ ਲਾਜਪਤ ਰਾਏ, ਸ਼ਹੀਦ ਊਧਮ ਸਿੰਘ ਅਤੇ ਹੋਰ ਆਜ਼ਾਦੀ ਦੇ ਪਰਵਾਨਿਆਂ ਵੱਲੋਂ ਸਮੇਂ-ਸਮੇਂ 'ਤੇ ਆਰੰਭੇ ਗਏ ਆਜ਼ਾਦੀ ਸੰਘਰਸ਼ਾਂ ਸਦਕਾ ਹੀ 15 ਅਗਸਤ 1947 ਨੂੰ ਸਾਡਾ ਦੇਸ਼ ਆਜ਼ਾਦ ਹੋਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਇੰਨ੍ਹਾਂ ਆਜ਼ਾਦੀ ਪ੍ਰਵਾਨਿਆਂ ਦੀ ਯਾਦ ਸਦੀਵੀ ਰੱਖਣ ਅਤੇ ਆਉਣ ਵਾਲੀਆਂ ਨਸਲਾਂ ਨੂੰ ਇੰਨਾਂ ਤੋ ਜਾਣੂ ਕਰਵਾਉਣ ਦੇ ਮਕਸਦ ਨਾਲ ਕਰਤਾਰਪੁਰ ਵਿਖੇ 25 ਏਕੜ ਰਕਬੇ ਵਿੱਚ 300 ਕਰੋੜ ਰੁਪਏ ਦੀ ਲਾਗਤ ਨਾਲ ਜੰਗ-ਏ-ਆਜ਼ਾਦੀ ਯਾਦਗਾਰ ਬਣਾਈ ਜਾ ਰਹੀ ਹੈ ਅਤੇ ਇਹ ਦੇਸ਼ ਦੀ ਪਹਿਲੀ ਤੇ ਵਿਲੱਖਣ ਕਿਸਮ ਦੀ ਯਾਦਗਾਰ ਦੇਸ਼ ਦੀ ਆਜ਼ਾਦੀ ਦੀ ਲੜਾਈ ਨੂੰ ਰੂਪਮਾਨ ਕਰੇਗੀ।

ਸ. ਢਿੱਲੋਂ ਨੇ ਕਿਹਾ ਕਿ ਦੇਸ਼ ਦੇ ਮਹਾਨ ਆਜ਼ਾਦੀ ਘੁਲਾਟੀਆਂ ਵੱਲੋ ਲਏ ਗਏ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਸੂਬੇ ਦੇ ਆਵਾਮ ਦੇ ਜੀਵਨ ਮਿਆਰ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਨੇ ਪਿਛਲੇ ਸਾਲਾ— ਵਿੱਚ ਸਿਰਤੋੜ ਯਤਨ ਕੀਤੇ ਹਨ ਅਤੇ ਸੂਬੇ ਨੂੰ ਵਿਕਾਸ ਦੀਆਂ ਨਵੀਆਂ ਲੀਹਾਂ 'ਤੇ ਤੋਰਿਆ ਹੈ। ਉਨ੍ਹਾਂ ਕਿਹਾ ਕਿ ਕੇਦਰੀ ਐਨ.ਡੀ.ਏ. ਸਰਕਾਰ ਨੇ ਸੂਬੇ ਨੂੰ ਕਈ ਅਹਿਮ ਸੜਕੀ ਪ੍ਰਾਜੈਕਟ ਅਤੇ ਵੱਕਾਰੀ ਸੰਸਥਾਵਾਂ ਦੇ ਕੇ ਪੰਜਾਬ ਦੇ ਵਿਕਾਸ ਨੂੰ ਨਵੀ ਦਿਸ਼ਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਹੀ ਸਿੱਟਾ ਸੀ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਕੋਈ ਸਰਕਾਰ ਮੁੜ ਸੱਤਾ 'ਚ ਆਈ ਹੈ ਤੇ ਵਿਕਾਸ ਦੇ ਮੁੱਦੇ 'ਤੇ ਗੱਠਜੋੜ ਚੋਣ ਮੈਦਾਨ 'ਚ ਉੱਤਰੇਗੀ ਤੇ ਲੋਕਾਂ ਦੇ ਸਹਿਯੋਗ ਨਾਲ ਲਗਾਤਾਰ ਤੀਜੀ ਵਾਰ ਸਰਕਾਰ ਬਣਾਏਗੀ।

ਸਿੰਚਾਈ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਪਰਕਾਸ਼ ਸਿੰਘ ਬਾਦਲ ਦੀ ਰਹਿਨੁਮਾਈ ਅਤੇ ਉਪ ਮੁੱਖ ਮੰਤਰੀ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਗਤੀਸ਼ੀਲ ਅਗਵਾਈ ਵਿੱਚ ਪੰਜਾਬ ਸੂਬਾ ਅੱਜ ਖੇਤੀਬਾੜੀ, ਬਿਜਲੀ, ਬੁਨਿਆਦੀ ਢਾਂਚੇ, ਸ਼ਹਿਰੀ ਵਿਕਾਸ, ਪਿੰਡਾਂ ਦੇ ਸਰਬਪੱਖੀ ਵਿਕਾਸ, ਸਿੱਖਿਆ, ਸਿਹਤ, ਬਿਜਲੀ, ਸਨਅਤ, ਨਾਗਰਿਕ ਸੇਵਾਵਾਂ ਆਦਿ ਹਰ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਹੈ। ਉਨ੍ਹਾਂ ਕਿਹਾ ਕਿ ਸੇਵਾ ਕੇਦਰ, ਫਰਦ ਕੇਦਰ, ਸੁਵਿਧਾ ਕੇਦਰ ਰਾਹੀ ਸੂਬਾ ਸਰਕਾਰ ਨੇ ਸਰਕਾਰੀ ਕੰਮ-ਕਾਜ਼ ਨੂੰ ਪਾਰਦਰਸ਼ੀ ਤੇ ਸੁਖਾਲਾ ਬਣਾਇਆ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਸਨੀਕਾਂ ਨੂੰ ਸਮਾਜਿਕ ਆਰਥਿਕ ਪੱਖਾਂ ਤੋ ਉੱਚਾ ਚੁੱਕਣ ਦੇ ਮੰਤਵ ਨਾਲ ਵਧੀਆ ਪੇਡੂ ਢਾਂਚਾ ਤਿਆਰ ਕਰਨ ਲਈ

ਪੇਡੂ ਮਿਸ਼ਨ ਦਾ ਆਰੰਭ ਕੀਤਾ ਹੈ ਅਤੇ ਸੂਬੇ ਦੇ ਸਾਰੇ ਸ਼ਹਿਰਾਂ ਤੇ ਕਸਬਿਆਂ ਵਿੱਚ ਸਾਫ-ਸੁਥਰਾ ਪਾਣੀ, ਸੀਵਰੇਜ ਟਰੀਟਮੈਂਟ ਪਲਾਂਟ, ਸੜਕਾਂ ਤੇ ਸਟਰੀਟ ਲਾਈਟਾਂ ਦੀਆਂ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੁਵਿਧਾ, ਫਰਦ ਤੇ ਸਾਂਝ ਕੇਂਦਰਾਂ ਨੇ ਆਮ ਲੋਕਾਂ ਦੀ ਸਰਕਾਰੀ ਦਫਤਰਾਂ ਵਿੱਚ ਖੱਜਲ-ਖੁਆਰੀ ਨੂੰ ਠੱਲ੍ਹ ਪਾਈ ਹੈ। ਸ਼ਗਨ ਸਕੀਮ ਤਹਿਤ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ, ਈਸਾਈ ਭਾਈਚਾਰੇ ਅਤੇ ਆਰਥਿਕ ਰੂਪ ਵਿੱਚ ਪੱਛੜੇ ਪਰਿਵਾਰਾਂ ਦੀਆਂ ਲੜਕੀਆਂ ਨੂੰ ਸਹਾਇਤਾ ਦਿੱਤੀ ਜਾ ਰਹੀ ਹੈ। ਪੰਜਾਬ ਵਾਸੀਆਂ ਨੂੰ ਮਿਆਰੀ ਤੇ ਫੌਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਿਹਤ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਅਤੇ ਮੁੱਖ ਮੰਤਰੀ ਰਾਹਤ ਫੰਡ ਤਹਿਤ ਕੈਂਸਰ ਦੇ ਇਲਾਜ ਲਈ ਸਰਕਾਰ ਵੱਲੋ ਕੈਂਸਰ ਪੀੜਤ ਮਰੀਜ਼ ਨੂੰ ਡੇਢ ਲੱਖ ਰੁਪਏ ਦਿੱਤੇ ਜਾ ਰਹੇ ਹਨ।

ਸ. ਢਿੱਲੋਂ ਨੇ ਮੋਗਾ ਜ਼ਿਲ੍ਹੇ ਨਾਲ ਜੁੜੀਆਂ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿੰਚਾਈ ਮਹਿਕਮੇ ਰਾਹੀਂ 12 ਕਰੋੜ ਰੁਪਏ ਦੀ ਲਾਗਤ ਨਾਲ ਰੌਂਤਾ ਡਿਸਰਟੀਬਿਊਟਰੀ ਅਤੇ 10 ਕਰੋੜ ਰੁਪਏ ਦੀ ਲਾਗਤ ਨਾਲ ਮਾੜੀ ਡਿਸਰਟੀਬਿਊਟਰੀ ਦਾ ਕੰਮ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਜਿਲ੍ਹੇ ਵਿੱਚ ਪੈਂਦੀਆਂ 65 ਕਿਲੋਮੀਟਰ ਡਰੇਨਾਂ ਦੀ ਸਫ਼ਾਈ ਕੀਤੀ ਗਈ ਹੈ ਅਤੇ ਸਤਲੁਜ ਦਰਿਆ ਉੱਪਰ 5 ਥਾਵਾਂ 'ਤੇ ਸਟੱਡਾਂ ਦੀ ਉਸਾਰੀ ਕਰਕੇ ਹੜ੍ਹਾਂ ਤੋਂ ਰੋਕਥਾਮ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ਿਲੇ' ਚ ਕੁੱਲ 81 ਸੰਗਠਿਤ ਸੇਵਾ ਪ੍ਰਦਾਨ ਕੇ—ਦਰ ਬਣਾਏ ਗਏ ਹਨ। ਇੰਨਾਂ ਸੇਵਾ ਕੇਦਰਾਂ ਵਿੱਚੋ 11 ਸ਼ਹਿਰੀ ਸੇਵਾ ਕੇਦਰ 12 ਅਗਸਤ, 2016 ਨੂੰ ਲੋਕ ਅਰਪਣ ਕੀਤੇ ਗਏ ਹਨ। ਗੋਧੇਵਾਲਾ (ਮੋਗਾ) ਵਿਖੇ 337.50 ਲੱਖ ਰੁਪਏ ਦੀ ਲਾਗਤ ਨਾਲ ਲੋਕ ਨਿਰਮਾਣ ਵਿਭਾਗ ਰੈਸਟ ਹਾਊਸ ਤਿਆਰ ਕੀਤਾ ਗਿਆ ਹੈ ਅਤੇ ਸਬ ਡਵੀਜ਼ਨ ਧਰਮਕੋਟ ਵਿਖੇ 7.19 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਤਹਿਸੀਲ ਕੰਪਲੈਕਸ ਬਣਾਇਆ ਗਿਆ ਹੈ।

ਇਸ ਮੌਕੇ 'ਤੇ ਸ. ਢਿੱਲੋਂ ਨੇ ਮੋਗਾ ਜ਼ਿਲ੍ਹੇ ਨਾਲ ਸਬੰਧਤ ਆਜ਼ਾਦੀ ਘੁਲਾਟੀਏ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਅਤੇ ਗਦਰੀ ਬਾਬਾ ਨਿਧਾਨ ਸਿੰਘ ਚੁੱਘਾ ਵਰਗੇ ਯੋਧਿਆਂ ਨੂੰ ਵੀ ਸਜਦਾ ਕੀਤਾ।

ਬਾਅਦ 'ਚ ਮੁੱਖ ਮਹਿਮਾਨ ਸ. ਸ਼ਰਨਜੀਤ ਸਿੰਘ ਢਿੱਲੋਂ ਨੂੰ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਮੰਤਰੀ ਵੱਲੋਂ ਪਰੇਡ ਵਿੱਚ ਹਿੱਸਾ ਲੈਣ ਵਾਲੇ ਪਰੇਡ ਕਮਾਂਡਰਾਂ ਅਤੇ ਵੱਖ-ਵੱਖ ਆਈਟਮਾਂ 'ਚ ਭਾਗ ਲੈਣ ਵਾਲੇ ਸਕੂਲ ਮੁਖੀਆਂ ਤੇ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਡੀ.ਐਸ.ਪੀ.ਸਿਟੀ ਹਰਿੰਦਰ ਸਿੰਘ ਡੋਡ ਦੀ ਅਗਵਾਈ ਹੇਠ ਪੰਜਾਬ ਪੁਲਿਸ, ਪੰਜਾਬ ਮਹਿਲਾ ਪੁਲਿਸ, ਪੰਜਾਬ ਹੋਮਗਾਰਡ ਅਤੇ ਐਨ.ਸੀ.ਸੀ ਦੇ ਵਿਦਿਆਰਥੀਆਂ ਦੀਆਂ ਪਰੇਡ ਟੁਕੜੀਆਂ ਨੇ ਮਾਰਚ ਪਾਸਟ 'ਚ ਹਿੱਸਾ ਲਿਆ ਅਤੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ

ਪ੍ਰੋਗਰਾਮ ਪੇਸ਼ ਕੀਤਾ ਗਿਆ। ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪੀ.ਟੀ.ਸ਼ੋਅ ਵੀ ਪੇਸ਼ ਕੀਤਾ ਗਿਆ। ਇਸ ਜ਼ਿਲਾ ਪੱਧਰੀ ਆਜ਼ਾਦੀ ਦਿਵਸ ਸਮਾਗਮ 'ਚ ਵੱਖ-ਵੱਖ ਸਕੂਲਾਂ ਅਤੇ ਡੀ.ਐਮ.ਕਾਲਜ ਮੋਗਾ ਦੇ 1500 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ।

ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਵਿਧਾਇਕ ਮੋਗਾ ਜੋਗਿੰਦਰ ਪਾਲ ਜੈਨ, ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਭਾਜਪਾ ਤਰਲੋਚਨ ਸਿੰਘ ਗਿੱਲ, ਮੇਅਰ ਨਗਰ ਨਿਗਮ ਅਕਸ਼ਿਤ ਜੈਨ, ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ, ਸੀਨੀਅਰ ਪੁਲਿਸ ਕਪਤਾਨ ਸਨੇਹਦੀਪ ਸ਼ਰਮਾ, ਵਧੀਕ ਡਿਪਟੀ ਕਮਿਸ਼ਨਰ ਅਜੇ ਸੂਦ, ਐਡੀਸ਼ਨਲ ਸ਼ੈਸਨ ਜੱਜ ਰਾਜਿੰਦਰ ਅਗਰਵਾਲ, ਜ਼ਿਲ੍ਹਾ ਤੇ ਸੈਸ਼ਨ ਜੱਜ ਫ਼ੈਮਲੀ ਕੋਰਟ ਰਣਧੀਰ ਵਰਮਾ, ਲਖਵਿੰਦਰ ਕੌਰ ਤੇ ਚਰਨਜੀਤ ਅਰੋੜਾ (ਦੋਵੇ ਐਡੀਸ਼ਨਲ ਜ਼ਿਲ੍ਹਾ ਤੇ ਸ਼ੈਸਨ ਜੱਜ) ਨਿਧੜਕ ਸਿੰਘ ਬਰਾੜ ਰਾਜ ਸੂਚਨਾ ਕਮਿਸ਼ਨਰ, ਚੇਅਰਮੈਨ ਤਰਸੇਮ ਸਿੰਘ ਰੱਤੀਆਂ, ਚੇਅਰਮੈਨ ਭਾਗੀਰਥ ਸਿੰਘ ਲੋਪੋਂ, ਸੀਨੀਅਰ ਡਿਪਟੀ ਮੇਅਰ ਅਨਿਲ ਬਾਂਸਲ, ਐਸ. ਪੀ (ਹੈਡ) ਜਸਵਿੰਦਰ ਸਿੰਘ ਘਾਰੂ, ਐਸ.ਪੀ(ਡੀ) ਅਮਰਜੀਤ ਸਿੰਘ, ਸਹਾਇਕ ਕਮਿਸ਼ਨਰ ਅਨੀਤਾ ਦਰਸ਼ੀ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਅਕਾਲੀ ਨੇਤਾ ਰਣਵਿੰਦਰ ਸਿੰਘ ਰਾਮੂੰਵਾਲੀਆ, ਡਾਇਰੈਕਟਰ ਖਾਦੀ ਬੋਰਡ ਰਾਜਵੰਤ ਸਿੰਘ ਮਾਹਲਾ, ਬੂਟਾ ਸਿੰਘ ਦੌਲਤਪੁਰਾ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਕੂਲ ਮੁਖੀ ਆਦਿ ਹਾਜ਼ਰ ਸਨ।

-------

ਨੰ: ਪੀ.ਆਰ(ਪ੍ਰੈ ਰੀ)2016/384

**ੋਟੋ ਕੈਪਸ਼ਨ (1)**- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਕੌਮੀ ਝੰਡੇ ਨੂੰ ਸਲਾਮੀ ਦਿੰਦੇ ਹੋਏ। ਉਹਨਾਂ ਨਾਲ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਅਤੇ ਸੀਨੀਅਰ ਪੁਲਿਸ ਕਪਤਾਨ ਸਨੇਹਦੀਪ ਸ਼ਰਮਾ ਵੀ ਵਿਖਾਈ ਦੇ ਰਹੇ ਹਨ।

(2)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਮਾਰਚ ਪਾਸਟ ਦਾ ਨਿਰੀਖਣ ਕਰਦੇ ਹੋਏ। ਉਹਨਾਂ ਨਾਲ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਅਤੇ ਸੀਨੀਅਰ ਪੁਲਿਸ ਕਪਤਾਨ ਸਨੇਹਦੀਪ ਸ਼ਰਮਾ ਵੀ ਵਿਖਾਈ ਦੇ ਰਹੇ ਹਨ।

(3)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਸਮਾਗਮ ਨੂੰ ਸੰਬੋਧਨ ਕਰਦੇ ਹੋਏ।

(4)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਸਤੁੰਤਰਤਾ ਸੰਗਰਾਮੀ ਪ੍ਰੀਵਾਰਾਂ ਨੂੰ ਸਨਮਾਨਿਤ ਕਰਦੇ ਹੋਏ।

(5)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਲੋੜਵੰਦਾਂ ਨੂੰ ਟਰਾਈ ਸਾਈਕਲ ਦਿੰਦੇ ਹੋਏ। ਉਹਨਾਂ ਨਾਲ ਵਿਧਾਇਕ ਮੋਗਾ ਜੋਗਿੰਦਰ ਪਾਲ ਜੈਨ, ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੀਰਥ ਸਿੰਘ ਮਾਹਲਾ, ਮੇਅਰ ਨਗਰ ਨਿਗਮ ਅਕਸ਼ਿਤ ਜੈਨ ਅਤੇ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਵੀ ਨਾਲ ਖੜੇ ਹਨ।

(6)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਲੋੜਵੰਦਾਂ ਨੂੰ ਸਿਲਾਈ ਮਸ਼ੀਨਾਂ ਦਿੰਦੇ ਹੋਏ। ਉਹਨਾਂ ਨਾਲ ਵਿਧਾਇਕ ਮੋਗਾ ਜੋਗਿੰਦਰ ਪਾਲ ਜੈਨ, ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਤੀਰਥ ਸਿੰਘ ਮਾਹਲਾ, ਮੇਅਰ ਨਗਰ ਨਿਗਮ ਅਕਸ਼ਿਤ ਜੈਨ ਅਤੇ ਡਿਪਟੀ ਕਮਿਸ਼ਨਰ ਕੁਲਦੀਪ ਸਿੰਘ ਵੈਦ ਵੀ ਨਾਲ ਖੜੇ ਹਨ।

(7) ਸਟੇਜ ਦਾ ਦ੍ਰਿਸ਼

(8–**10**)– ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਆਯੋਜਿਤ ਜ਼ਿਲਾ ਪੱਧਰੀ ਸਮਾਗਮ 'ਚ ਸੱਭਿਆਚਾਰਕ ਪ੍ਰੋਗਰਾਮ ਦੀਆਂ ਝਲਕਾਂ।

(11–13)- ਸਿੰਚਾਈ ਮੰਤਰੀ ਸ. ਸ਼ਰਨਜੀਤ ਸਿੰਘ ਢਿੱਲੋਂ ਆਜ਼ਾਦੀ ਦਿਹਾੜੇ ਮੌਕੇ ਸਥਾਨਕ ਦਾਣਾ ਮੰਡੀ 'ਚ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਿਤ ਕਰਦੇ ਹੋਏ।




POLICE
PB12E0092








SANGAT











